# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-05-2024**

ਪੰਜਾਬ ਵਿਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦਾ ਅੱਜ ਤੀਜਾ ਦਿਨ ਏ। ਕਲ ਦੂਜੇ ਦਿਨ 13 ਲੋਕ ਸਭਾ ਹਲਕਿਆਂ ਲਈ 20 ਉਮੀਦਵਾਰਾਂ ਨੇ 22 ਨਾਮਜ਼ਦਗੀ ਪੱਤਰ ਦਾਖਲ ਕੀਤੇ । ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਲੋਕ ਸਭਾ ਹਲਕਾ ਗੁਰਦਾਸਪੁਰ, ਜਲੰਧਰ, ਆਨੰਦਪੁਰ ਸਾਹਿਬ ਅਤੇ ਫਤਿਹਗੜ੍ਹ ਸਾਹਿਬ ਤੋਂ ਇਕ-ਇਕ ਉਮੀਦਵਾਰ ਨੇ ਨਾਮਜ਼ਦਗੀ ਪੱਤਰ ਦਾਖਲ ਕੀਤਾ । ਸੰਗਰੂਰ ਤੋਂ ਪੰਜ ਜਦਕਿ ਅੰਮ੍ਰਿਤਸਰ ਤੇ ਪਟਿਆਲਾ ਤੋਂ ਤਿੰਨ-ਤਿੰਨ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ । ਪਟਿਆਲਾ ਤੋਂ ਤਿੰਨਾਂ ਵਿੱਚੋਂ ਦੋ ਉਮੀਦਵਾਰਾਂ ਨੇ 2-2 ਫਾਰਮ ਭਰੇ ਜਦਕਿ ਫਰੀਦਕੋਟ ਤੋਂ 2 ਅਤੇ ਲੁਧਿਆਣਾ ਤੋਂ 3 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ । ਉਨ੍ਹਾਂ ਦੱਸਿਆ ਕਿ ਫਿਰੋਜ਼ਪੁਰ, ਖਡੂਰ ਸਾਹਿਬ, ਬਠਿੰਡਾ

ਅਤੇ ਹੁਸ਼ਿਆਰਪੁਰ ਲੋਕ ਸਭਾ ਹਲਕੇ ਲਈ ਕਲ ਕਿਸੇ ਵੀ ਉਮੀਦਵਾਰ ਨੇ ਨਾਮਜ਼ਦਗੀ ਪੱਤਰ ਨਹੀਂ ਭਰੇ। ਜ਼ਿਕਰਯੋਗ ਏ ਕਿ 7 ਮਈ ਨੂੰ ਪਹਿਲੇ ਦਿਨ 13 ਉਮੀਦਵਾਰਾਂ ਨੇ 15 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ।

---------------------------------------------------------

ਭਾਰਤੀ ਜਨਤਾ ਪਾਰਟੀ ਨੇ ਪੰਜਾਬ ਵਿੱਚ ਲੋਕਸਭਾ ਚੋਣਾਂ ਲਈ ਆਪਣੇ 3 ਉਮੀਦਵਾਰਾਂ ਦੀ ਇੱਕ ਹੋਰ ਸੂਚੀ ਬੀਤੀ ਰਾਤ ਜਾਰੀ ਕਰ ਦਿੱਤੀ ਏ। ਅਨੰਦਪੁਰ ਸਾਹਿਬ ਤੋਂ ਡਾ ਸੁਭਾਸ਼ ਸ਼ਰਮਾ, ਫਿਰੋਜ਼ਪੁਰ ਤੋਂ ਰਾਣਾ ਗੁਰਮੀਤ ਸਿੰਘ ਸੋਢੀ ਅਤੇ ਸੰਗਰੂਰ ਤੋਂ ਅਰਵਿੰਦ ਖੰਨਾ ਨੂੰ ਉਮੀਦਵਾਰ ਬਣਾਇਆ ਗਿਆ ਏ। ਇਸ ਤਰ੍ਹਾਂ ਪਾਰਟੀ ਸੂਬੇ ਦੇ 13 ਵਿੱਚੋਂ 12 ਲੋਕਸਭਾ ਹਲਕਿਆਂ ਲਈ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਚੁੱਕੀ ਏ ਅਤੇ ਹੁਣ ਫ਼ਤਹਿਗੜ੍ਹ ਸਾਹਿਬ ਤੋਂ ਉਮੀਦਵਾਰ ਦਾ ਐਲਾਨ ਬਾਕੀ ਏ।

---------------------------------------------------------

ਪਟਿਆਲਾ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਨ.ਕੇ.ਸ਼ਰਮਾ ਨੇ ਵਿਕਾਸ ਦੇ ਮੁੱਦੇ 'ਤੇ ਵਿਰੋਧੀ ਪਾਰਟੀਆਂ ਨੂੰ ਘੇਰਦਿਆਂ

ਕਿਹਾ ਏ ਕਿ ਪੰਜਾਬ ਵਿਚ ਅਕਾਲੀ ਦਲ ਦੀ ਸਰਕਾਰ ਸਮੇਂ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ 24 ਹਜ਼ਾਰ ਕਰੋੜ ਰੁਪਏ ਖਰਚ ਕੀਤੇ ਗਏ ਸਨ। ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੋਟਾਂ ਮੰਗਣ ਤੋਂ ਪਹਿਲਾਂ ਆਪਣੀਆਂ ਸਰਕਾਰਾਂ ਦਾ ਰਿਪੋਰਟ ਕਾਰਡ ਵੀ ਲੋਕਾਂ ਸਾਹਮਣੇ ਲੈ ਕੇ ਜਾਣਾ ਚਾਹੀਦਾ ਏ। ਬਾਰ ਐਸੋਸੀਏਸ਼ਨ ਪਟਿਆਲਾ ਦੇ ਵਕੀਲਾਂ ਨਾਲ ਰੂ-ਬ-ਰੂ ਹੁੰਦਿਆਂ ਉਨਾਂ ਕਿਹਾ ਕਿ ਅਕਾਲੀ ਦਲ ਨੇ ਹਮੇਸ਼ਾ ਪੰਜਾਬ ਅਤੇ ਪੰਜਾਬੀਆਂ ਦੇ ਹੱਕਾਂ ਲਈ ਲੜਾਈ ਲੜੀ ਏ। ਉਨਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਨੇ ਕੇਵਲ ਸਿੱਖਿਆ ਦੇ ਖੇਤਰ ਵਿੱਚ ਕੰਮ ਕਰਨ ਲਈ 27 ਹਜ਼ਾਰ ਕਰੋੜ ਰੁਪਏ ਖਰਚ ਕੀਤੇ ਸਨ।

---------------------------------------------------------------

ਮੋਗਾ ਜ਼ਿਲੇ ਦੇ ਚੋਣ ਅਧਿਕਾਰੀ ਤੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਲੋਕਸਭਾ ਚੋਣਾਂ ਲਈ ਲੋਕਾਂ ਨੂੰ ਜਾਗਰੂਕ ਕਰਨ ਦੇ ਮੰਤਵ ਨਾਲ ਕਲ ਖੁਦ ਬੱਸਾਂ ਵਿੱਚ ਸਵਾਰ ਹੋ ਕੇ ਵੀ ਸਵਾਰੀਆਂ ਨਾਲ ਗੱਲਬਾਤ ਕਰਕੇ ਵੋਟ ਦੇ ਅਧਿਕਾਰ ਨੂੰ ਵਰਤਣ ਲਈ ਪ੍ਰੇਰਿਤ ਕੀਤਾ। ਮੋਗਾ ਦੇ ਬੱਸ ਸਟੈਂਡ ਵਿੱਚ ਡਿਪਟੀ ਕਮਿਸ਼ਨਰ ਨੂੰ ਖੁਦ ਵੋਟਾਂ ਪ੍ਰਤੀ ਜਾਗਰੂਕਤਾ

ਫੈਲਾਉਂਦੇ ਦੇਖ ਕੇ ਲੋਕਾਂ ਦੀ ਭੀੜ ਨੇ ਭਰੋਸਾ ਦਿਵਾਇਆ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਲਾਜ਼ਮੀ ਤੌਰ ਤੇ ਕਰਨਗੇ। ਉਨਾਂ ਹਰ ਵਰਗ ਦੇ ਵੋਟਰਾਂ ਜਿਹਨਾਂ ਵਿੱਚ ਬਜੁਰਗ, ਨੌਜਵਾਨ, ਦਿਵਿਆਂਗ ਆਦਿ ਹਾਜ਼ਰ ਸਨ, ਨਾਲ ਗੱਲਬਾਤ ਜਰੀਏ ਵੋਟਾਂ ਪ੍ਰਤੀ ਸ਼ੰਕਿਆਂ ਨੂੰ ਦੂਰ ਕੀਤਾ। ਸਹਾਇਕ ਕਮਿਸ਼ਨਰ-ਕਮ-ਸਵੀਪ ਨੋਡਲ ਅਫ਼ਸਰ ਸ਼ੁਭੀ ਆਂਗਰਾ ਵੀ ਇਸ ਮੌਕੇ ਤੇ ਖਾਸ ਤੌਰ ਤੇ ਮੌਜੂਦ ਰਹੇ। ਰੋਡਵੇਜ਼ ਦੀਆਂ ਬੱਸਾਂ ਤੇ ਵੋਟਰ ਜਾਗਰੂਕਤਾ ਸੰਬੰਧੀ ਪੋਸਟਰ ਵੀ ਵੱਡੀ ਗਿਣਤੀ ਵਿੱਚ ਲਗਾਏ ਗਏ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਵੋਟ ਪ੍ਰਤੀ ਜਾਗਰੂਕ ਕੀਤਾ ਜਾ ਸਕੇ।

---------------------------------------------------------------

ਦੇਸ਼ ਸਮੇਤ ਪੰਜਾਬ ਵਿਚ ਵੀ ਗਰਮੀ ਦਾ ਕਹਿਰ ਲਗਾਤਾਰ ਵੱਧ ਰਿਹਾ ਏ। ਪਿਛਲੇ ਕੁਝ ਦਿਨਾਂ ਤੋਂ ਚੱਲ ਰਹੇ ਸਾਫ ਮੌਸਮ ਨਾਲ ਸੂਬੇ ਦੇ ਜ਼ਿਆਦਾਤਰ ਇਲਾਕਿਆਂ ਵਿਚ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਸੈਲਸੀਅਸ ਤੋਂ ਵੀ ਵੱਧ ਦਰਜ ਕੀਤਾ ਜਾ ਰਿਹਾ ਏ। ਸਵੇਰ ਤੋਂ ਹੀ ਤੇਜ ਤਿੱਖੀ ਧੁੱਪ ਨਿਕਲਣ ਨਾਲ ਕੰਮ ਕਾਰ ਲਈ ਜਾਣ ਵਾਲੇ ਲੋਕਾਂ ਅਤੇ ਸਕੂਲੀ ਬੱਚਿਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ।

ਵਧਦੀ ਗਰਮੀ ਨੂੰ ਵੇਖਦਿਆਂ ਸਰਕਾਰ ਨੇ ਵਿਦਿਆਰਥੀਆਂ ਤੇ ਹੋਰ ਲੋਕਾਂ ਲਈ ਇਕ ਸਲਾਹ ਜਾਰੀ ਕੀਤੀ ਏ । **ਹੋਰ ਵੇਰਵੇ ਨਾਲ ਇਹ ਰਿਪੋਰਟ:** ***ਡਿਸਪੈਚ: ਮੌਸਮ ਦੇ ਲਗਾਤਾਰ ਗਰਮ ਹੁੰਦੇ ਤੇਵਰਾਂ ਨੂੰ ਵੇਖਦਿਆਂ ਆਮ ਲੋਕਾਂ ਤੇ ਬੱਚਿਆਂ ਨੂੰ ਗਰਮੀ ਤੋਂ ਬਚਾਉਣ ਲਈ ਇਕ ਹੀਟ ਵੇਵ ਐਡਵਾਇਜ਼ਰੀ ਜਾਰੀ ਕੀਤੀ ਗਈ ਏ । ਵਿਦਿਆਰਥੀਆਂ ਨੂੰ ਗਰਮੀ ਤੋਂ ਬਚਣ ਦੇ ਤਰੀਕਿਆਂ ਬਾਰੇ ਜਾਗਰੂਕ ਰਹਿਣ ਲਈ ਮੌਸਮ ਦੀ ਤਾਜ਼ਾ ਜਾਣਕਾਰੀ ਵਾਸਤੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਅਖ਼ਬਾਰਾਂ, ਟੀ ਵੀ ਅਤੇ ਰੇਡੀਓ ਨਾਲ ਜੁੜੇ ਰਹਿਣ ਲਈ ਕਿਹਾ ਗਿਆ ਏ । ਆਪਣੇ ਫੋਨ 'ਤੇ ਮੌਸਮ ਸੰਬੰਧੀ ਐਪਸ ਡਾਊਨਲੋਡ ਕਰਨ ਅਤੇ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਸਲਾਹ ਦਿੱਤੀ ਗਈ ਏ । ਇਸ ਦੇ ਨਾਲ ਹੀ ਦਿਲ, ਕਿਡਨੀ ਜਾਂ ਲੀਵਰ ਦੀਆਂ ਬੀਮਾਰੀਆਂ ਤੋਂ ਪੀੜਤ ਜਾਂ ਘੱਟ ਪਾਣੀ ਪੀਣ ਵਾਲੇ ਵਿਅਕਤੀਆਂ ਨੂੰ ਡਾਕਟਰੀ ਸਲਾਹ ਤੋਂ ਬਾਅਦ ਤਰਲ ਪਦਾਰਥ ਵਧਾਉਣ ਲਈ ਕਦਮ ਚੁੱਕਣ ਲਈ ਕਿਹਾ ਗਿਆ ਏ । ਘਰ ਤੋਂ ਬਾਹਰ ਜਾਣ ਸਮੇਂ ਹਮੇਸ਼ਾ ਹਲਕੇ ਰੰਗ ਦੇ ਕੱਪੜੇ ਪਹਿਨਣ, ਸਿਰ ਤੇ ਹੱਥਾਂ ਨੂੰ***

***ਚੰਗੀ ਤਰ੍ਹਾਂ ਢੱਕਣ, ਟੋਪੀ ਤੇ ਛੱਤਰੀ ਦੀ ਵਰਤੋਂ ਕਰਨ, ਅੱਖਾਂ ਦੀ ਸੁਰੱਖਿਆ ਲਈ ਐਨਕਾਂ ਅਤੇ ਚਮੜੀ ਦੀ ਸੁਰੱਖਿਆ ਲਈ ਸਨਸਕ੍ਰੀਨ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਗਈ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

----------------------------------------------------------------

ਚੋਣ ਕਮਿਸ਼ਨ ਵਲੋਂ ਲੋਕ ਸਭਾ ਚੋਣਾਂ ਨੂੰ ਲੈ ਕੇ ਚੋਣ ਜ਼ਾਬਤਾ ਸਖਤੀ ਨਾਲ ਲਾਗੂ ਕਰਨ ਲਈ ਅਨੰਦਪੁਰ ਸਾਹਿਬ ਲੋਕਸਭਾ ਹਲਕੇ ਦੇ ਹਿੱਸੇ ਖਰੜ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਵਿਚ ਸਟੈਟਿੰਗ ਸਰਵਲੈਸ ਅਤੇ ਫਲਾਇੰਗ ਸੂਕੈਅਡ ਟੀਮ ਦਿਨ ਰਾਤ ਕੰਮ ਕਰ ਰਹੀਆਂ ਨੇ। ਇਨਾਂ ਟੀਮਾਂ ਵਲੋਂ ਉਨ੍ਹਾਂ ਦੇ ਦਫਤਰ ਨੂੰ ਰਿਪੋਰਟਾਂ ਪ੍ਰਾਪਤ ਹੁੰਦੀਆਂ ਨੇ ਤੇ ਉਨ੍ਹਾਂ ਤੇ ਤੁਰੰਤ ਕਾਰਵਾਈ ਕਰਦੇ ਹੋਏ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਨੋਟਿਸ ਭੇਜ ਕੇ ਜਵਾਬ ਮੰਗਿਆ ਗਿਆ ਏ। ਵਿਧਾਨ ਸਭਾ ਹਲਕਾ ਖਰੜ ਦੇ ਸਹਾਇਕ ਰਿਟਰਨਿੰਗ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਗੁਰਮੰਦਰ ਸਿੰਘ ਨੇ ਦੱਸਿਆ ਕਿ ਹਲਕੇ ਵਿਚ ਹੁਣ ਤੱਕ ਚੋਣ ਜ਼ਾਬਤੇ ਦੀਆਂ ਉਲੰਘਣਾਂ

ਸਬੰਧੀ 17 ਰਿਪੋਰਟਾਂ ਪ੍ਰਾਪਤੀਆਂ ਹੋਈਆਂ ਸਨ। ਜਿਸ ਤੋਂ ਬਾਅਦ ਆਮ ਆਦਮੀ ਪਾਰਟੀ ਨੂੰ 5, ਕਾਂਗਰਸ ਪਾਰਟੀ ਨੂੰ 2 ਅਤੇ ਸ੍ਰੋਮਣੀ ਅਕਾਲੀ ਦਲ ਨੂੰ 1 ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਏ। ਉਨ੍ਹਾਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਹਦਾਇਤਾਂ ਕੀਤੀ ਕਿ ਉਹ ਚੋਣ ਜਾਬਤੇ ਵਿਚ ਰਹਿ ਕੇ ਹੀ ਆਪਣਾ ਚੋਣ ਪ੍ਰਚਾਰ ਕਰਨ।